# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

**13:10 Pm**

**ਮਿਤੀ: 08-10-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਨਵੀਂ ਦਿੱਲੀ ਵਿੱਚ, 70ਵੇਂ ਰਾਸ਼ਟਰੀ ਫਿਲਮ ਪੁਰਸਕਾਰ ਪ੍ਰਦਾਨ ਕਰਨਗੇ । ਇਹ ਪੁਰਸਕਾਰ ਸਾਲ 2022 ਲਈ ਦਿੱਤੇ ਜਾਣਗੇ । ਉੱਘੇ ਅਦਾਕਾਰ ਮਿਥੁਨ ਚੱਕਰਵਰਤੀ ਨੂੰ ਸਿਨੇਮਾ ਖੇਤਰ ਦੇ ਸਭ ਤੋਂ ਵੱਡੇ ਸਨਮਾਨ, ਦਾਦਾ ਸਾਹਿਬ ਫਾਲਕੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ ।

---

ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਜਾਰੀ ਏ । ਗਿਣਤੀ ਅੱਜ ਸਵੇਰੇ 8 ਵਜੇ ਸ਼ੁਰੂ ਹੋਈ ਅਤੇ ਬਾਅਦ ਦੁਪਹਿਰ ਨਤੀਜੇ ਆਉਣ ਦੀ ਉਮੀਦ ਏ ।ਜੰਮੂ-ਕਸ਼ਮੀਰ ਵਿੱਚ ਹੁਣ ਤੱਕ ਦੋ ਨਤੀਜੇ ਐਲਾਨੇ ਜਾ ਚੁੱਕੇ ਨੇ । ਗੁਰੇਜ਼ ਤੋਂ ਨੈਸ਼ਨਲ ਕਾਨਫਰੰਸ ਦੇ ਨਜ਼ੀਰ ਅਹਿਮਦ ਖਾਨ ਇਕ ਹਜ਼ਾਰ ਤੋਂ ਵੱਧ ਵੋਟਾਂ ਦੇ ਫਰਕ ਨਾਲ ਜਿੱਤੇ ਨੇ । ਬਸੋਲੀ ਸੀਟ ਤੋਂ BJP ਉਮੀਦਵਾਰ ਦਰਸ਼ਨ ਕੁਮਾਰ ਜਿੱਤ ਗਏ ਨੇ । **ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ ਬਾਕੀ 88 ਸੀਟਾਂ ਲਈ ਰੁਝਾਨ ਇਸ**

**ਤਰਾਂ ਨੇ I**ਜੰਮੂ-ਕਸ਼ਮੀਰ ਨੈਸ਼ਨਲ ਕਾਨਫਰੰਸ 43 'ਤੇ ਅੱਗੇ ਏਭਾਰਤੀ ਜਨਤਾ ਪਾਰਟੀ ਇੱਕ ਸੀਟ ਜਿੱਤ ਕੇ 28 'ਤੇ ਅੱਗੇ ਏਇੰਡੀਅਨ ਨੈਸ਼ਨਲ ਕਾਂਗਰਸ 6 ਜੰਮੂ ਅਤੇ ਕਸ਼ਮੀਰ ਪੀਪਲਜ਼ ਡੈਮੋਕਰੇਟਿਕ ਪਾਰਟੀ 3ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) 1ਤੇ ਚੱਲ ਰਹੀ ਏ

---------------------------------------------------------------------------

ਏਧਰ ਹਰਿਆਣਾ ਵਿੱਚ ਲਾਡਵਾ ਸੀਟ ਤੋਂ BJP ਆਗੂ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅੱਗੇ ਚੱਲ ਰਹੇ ਨੇ।ਰੋਹਤਕ ਦੀ ਗੜ੍ਹੀ ਸਾਂਪਲਾ ਕਿਲੋਈ ਸੀਟ ਤੋਂ ਕਾਂਗਰਸ ਨੇਤਾ ਅਤੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਅੱਗੇ ਨੇ। ਪਲਵਲ ਦੀ ਹਥਿਨ ਸੀਟ ਤੋਂ BJP ਦੇ ਮਨੋਜ ਕੁਮਾਰ , ਅਤੇ ਸੋਨੀਪਤ ਸੀਟ ਤੋਂ BJP ਦੇ ਨਿਖਿਲ ਮਦਾਨ ਅੱਗੇ ਚੱਲ ਰਹੇ ਹਨੇ। ਹਰਿਆਣਾ ਦੇ ਮੰਤਰੀ ਮੂਲ ਚੰਦ ਸ਼ਰਮਾ ਬੱਲਭਗੜ੍ਹ ਚ ਅੱਗੇ ਨੇ। ਗਨੌਰ ਸੀਟ ਤੋਂ ਆਜ਼ਾਦ ਉਮੀਦਵਾਰ ਦੇਵੇਂਦਰ ਕਾਦਿਆਨ ਅੱਗੇ ਚੱਲ ਰਹੇ ਨੇ। ਜੁਲਾਨਾ ਹਲਕੇ ਤੋਂ ਕਾਂਗਰਸ ਦੀ ਪਹਿਲਵਾਨ ਵਿਨੇਸ਼ ਫੋਗਾਟ ਅੱਗੇ ਏ।ਸੂਬੇ ਵਿੱਚ, ਸਾਰੀਆਂ 90 ਸੀਟਾਂ ਲਈ ਉਪਲਬਧ ਇਸ ਤਰਾਂ ਨੇ, BJP 49 'ਤੇ ਅੱਗੇ ਏ ਇੰਡੀਅਨ ਨੈਸ਼ਨਲ ਲੋਕ ਦਲ 1 ਬਹੁਜਨ ਸਮਾਜ ਪਾਰਟੀ 1 ਆਜ਼ਾਦ 4 ਤੇ ਅਗੇ ਚੱਲ ਰਹੇ ਨੇ

-------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਕੱਲ ਵਿਚਾਰ-ਵਟਾਂਦਰੇ ਲਈ ਆੜ੍ਹਤੀਆਂ ਨੂੰ ਸੱਦਿਆ, ਜਿਸ ਦੌਰਾਨ ਆੜ੍ਹਤੀਆਂ ਨੇ ਆਪਣੀ ਹੜਤਾਲ ਵਾਪਸ ਲੈਣ ਦਾ ਫੈਸਲਾ ਕੀਤਾ ਏ। ਮੁੱਖ ਮੰਤਰੀ ਨੇ ਫੈਡਰੇਸ਼ਨ ਆਫ਼ ਆੜ੍ਹਤੀਆ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਵਿਜੈ ਕਾਲੜਾ ਦੀ ਅਗਵਾਈ ਹੇਠ ਆੜ੍ਹਤੀਆਂ ਦੇ ਵਫ਼ਦ ਨਾਲ ਮੀਟਿੰਗ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆੜ੍ਹਤੀਆਂ ਦੀਆਂ ਜਾਇਜ਼ ਮੰਗਾਂ ਉਤੇ ਵਿਚਾਰ ਕਰਨ ਲਈ ਸੂਬਾ ਸਰਕਾਰ ਵਚਨਬੱਧ ਏ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੀਆਂ ਜ਼ਿਆਦਾਤਰ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਤ ਨੇ ਪਰ ਕੇਂਦਰ ਸਰਕਾਰ ਇਨ੍ਹਾਂ ਮੰਗਾਂ ਪ੍ਰਤੀ ਉਦਾਸੀਨ ਏ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਆੜ੍ਹਤੀਆਂ ਦੀ ਆਵਾਜ਼ ਬਣੇਗੀ ਅਤੇ ਕੇਂਦਰ ਕੋਲ ਉਨ੍ਹਾਂ ਦੇ ਮਸਲੇ ਉਠਾਏ ਜਾਣਗੇ। ਉਨ੍ਹਾਂ ਕਿਹਾ ਕਿ ਆੜ੍ਹਤ ਵਧਾਉਣ ਦਾ ਮਸਲਾ ਕੇਂਦਰ ਸਰਕਾਰ ਕੋਲ ਉਠਾਇਆ ਜਾਵੇਗਾ ਕਿਉਂਕਿ ਇਸ ਨਾਲ ਆੜ੍ਹਤੀਆਂ ਨੂੰ 192 ਕਰੋੜ ਰੁਪਏ ਦਾ ਵੱਡਾ ਨੁਕਸਾਨ ਹੋ ਰਿਹਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਨਵਰੀ 2025 ਤੱਕ ਆੜ੍ਹਤੀਆਂ ਦੇ ਨੁਕਸਾਨ ਦੀ ਪੂਰਤੀ ਲਈ ਹਰੇਕ ਕੋਸ਼ਿਸ਼ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਖ਼ਰੀਦ ਪ੍ਰਕਿਰਿਆ ਦੀ ਨਿਗਰਾਨੀ ਲਈ ਉਹ ਖ਼ੁਦ ਮੰਡੀਆਂ ਦਾ ਦੌਰਾ ਕਰਨਗੇ। ਮੁੱਖ ਮੰਤਰੀ

ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੇ ਜਾਣ ਵਾਲੇ 185 ਲੱਖ ਮੀਟਰਕ ਟਨ ਝੋਨੇ ਦੀ ਖ਼ਰੀਦ ਕੀਤੇ ਜਾਣ ਦੀ ਉਮੀਦ ਏ।

---------------------------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਸਾਨ ਜਥੇਬੰਦੀਆਂ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਹਾੜ੍ਹੀ ਦੀਆਂ ਫਸਲਾਂ ਦੀ ਨਿਰਵਿਘਨ ਬਿਜਾਈ ਲਈ ਡੀ.ਏ.ਪੀ. ਦੀ ਲੋੜੀਂਦੀ ਸਪਲਾਈ ਯਕੀਨੀ ਬਣਾਉਣ ਵਾਸਤੇ ਵਚਨਬੱਧ ਏ। ਇਸ ਦਾ ਉਦੇਸ਼ ਕਿਸਾਨਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨਾ ਅਤੇ ਨਿਰਵਿਘਨ ਬਿਜਾਈ ਪ੍ਰਕਿਰਿਆ ਨੂੰ ਯਕੀਨੀ ਬਣਾਉਣਾ ਏ। ਸੂਬੇ ਦੇ ਉੱਚ ਅਧਿਕਾਰੀਆਂ ਨਾਲ ਚੰਡੀਗੜ੍ਹ ਵਿਖੇ ਸੂਬਾ ਪੱਧਰੀ ਮੀਟਿੰਗ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਸਰਕਾਰ ਫ਼ਸਲ ਦੇ ਝਾੜ ਨੂੰ ਵਧਾ ਕੇ ਕਿਸਾਨ ਭਾਈਚਾਰੇ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਸਰੋਤ ਅਤੇ ਸਹਾਇਤਾ ਪ੍ਰਦਾਨ ਕਰਨ ਵਾਸਤੇ ਵਚਨਬੱਧ ਏ। ਖੇਤੀਬਾੜੀ ਮੰਤਰੀ ਨੇ ਇਹ ਐਲਾਨ ਵੀ ਕੀਤਾ ਕਿ ਹਾੜ੍ਹੀ ਦੇ ਸੀਜ਼ਨ ਦੀ ਮੰਗ ਨੂੰ ਪੂਰਾ ਕਰਨ ਲਈ ਅਕਤੂਬਰ ਮਹੀਨੇ ਵਾਸਤੇ ਢਾਈ ਲੱਖ ਮੀਟ੍ਰਿਕ ਟਨ ਡੀ.ਏ.ਪੀ. ਖਾਦ ਅਲਾਟ ਕੀਤੀ ਗਈ ਏ।

---

ਉਹਨਾਂ ਦੱਸਿਆ ਕਿ ਇਸ ਅਲਾਟਮੈਂਟ ਵਿੱਚੋਂ ਸੂਬੇ ਨੂੰ ਪਹਿਲਾਂ ਹੀ 22 ਹਜ਼ਾਰ 204 ਮੀਟ੍ਰਿਕ ਟਨ ਡੀ.ਏ.ਪੀ. ਪ੍ਰਾਪਤ ਹੋ ਚੁੱਕੀ ਏ ਅਤੇ ਹੋਰ 15 ਹਜ਼ਾਰ ਮੀਟਰਕ ਟਨ ਜਲਦ ਪ੍ਰਾਪਤ ਹੋ ਜਾਵੇਗੀ। ਵੱਖ ਵੱਖ ਕਿਸਾਨ ਆਗੂਆ ਵੱਲੋਂ ਉਠਾਏ ਮੁੱਦਿਆਂ ਬਾਰੇ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸਹਿਕਾਰੀ ਸਭਾਵਾਂ ਨੂੰ ਡੀ.ਏ.ਪੀ. 60 ਫ਼ੀਸਦ ਅਲਾਟ ਕੀਤਾ ਜਾ ਰਹੀ ਏ, ਜਦਕਿ ਬਾਕੀ 40 ਫ਼ੀਸਦ ਖਾਦ ਡੀਲਰਾਂ ਨੂੰ ਦਿੱਤਾ ਜਾਵੇਗਾ। ਉਨ੍ਹਾਂ ਕਿਸਾਨ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਘਟਨਾ ਦੀ ਸੂਚਨਾ ਦੇਣ ਤਾਂ ਜੋ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾ ਸਕੇ।

---

ਬੀ.ਜੇ.ਪੀ ਪੰਜਾਬ ਦੇ ਇਕ ਵਫਦ ਨੇ ਕੱਲ ਸੂਬਾ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨਾਲ ਮੁਲਾਕਾਤ ਕਰਕੇ , ਬੀਜੇਪੀ ਉਮੀਦਵਾਰਾਂ ਦੇ ਬਿਨਾ ਵਜ੍ਹਾ ਅਤੇ ਬਿਨਾਂ ਕਾਰਨਾਂ ਤੋਂ ਨਾਮਜ਼ਦਗੀ ਕਾਗਜ਼ ਰੱਦ ਕਰਨ ਬਾਰੇ ਜਾਣਕਾਰੀ ਦਿਤੀ। ਚੋਣ ਕਮਿਸ਼ਨਰ ਨੇ ਵਫ਼ਦ ਨੂੰ ਇਸ ਬਾਰੇ ਉਚਿਤ ਫੈਸਲਾ ਲੈਣ ਲਈ ਭਰੋਸਾ ਦਿਲਵਾਇਆ। ਵਫ਼ਦ ਵਿੱਚ ਸੀਨੀਅਰ BJP ਨੇਤਾ ਐਸ. ਆਰ. ਲੱਧੜ ਸਮੇਤ ਕਈ ਸੀਨੀਅਰ ਆਗੂ

ਮੌਜੂਦ ਰਹੇ। ਸ੍ਰੀ ਲੱਧੜ ਨੇ ਕਿਹਾ ਕਿ ਸ਼ਰੇਆਮ ਧੱਕੇਸ਼ਾਹੀ ਨਾਲ ਲੋਕਾਂ ਵਿੱਚ ਸਰਕਾਰ ਦਾ ਅਕਸ ਤਾਂ ਖਰਾਬ ਹੁੰਦਾ ਹੀ ਏ ਲੋਕਤੰਤਰ ਦੀਆਂ ਜੜਾਂ ਵੀ ਖੋਖਲੀਆਂ ਹੁੰਦੀਆਂ ਨੇ।

---

ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ, ਆਮ ਆਦਮੀ ਪਾਰਟੀ ਸਰਕਾਰ 'ਤੇ ਪੰਜਾਬ 'ਚ ਚੱਲ ਰਹੀਆਂ ਪੰਚਾਇਤੀ ਚੋਣਾਂ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਦੀ ਸਮਰੱਥਾ 'ਤੇ ਸਵਾਲ ਖੜ੍ਹੇ ਕੀਤੇ ਨੇ। ਪ੍ਰਤਾਪ ਸਿੰਘ ਬਾਜਵਾ ਨੇ ਵਿਸ਼ੇਸ਼ ਤੌਰ 'ਤੇ ਮੁੱਖ ਮੰਤਰੀ ਦੀ ਆਲੋਚਨਾ ਕੀਤੀ, ਜੋ ਗ੍ਰਹਿ ਮੰਤਰੀ ਵਜੋਂ ਵੀ ਕੰਮ ਕਰਦੇ ਨੇ, ਸ਼ਾਂਤੀਪੂਰਨ ਚੋਣ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਵਿੱਚ ਅਸਫ਼ਲ ਰਹੇ ਨੇ, ਜਿਸ ਨਾਲ ਪੇਂਡੂ ਪੰਜਾਬ ਵਿੱਚ ਵਿਆਪਕ ਹਿੰਸਾ ਹੋਈ। ਘਟਨਾਵਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਅੰਮ੍ਰਿਤਸਰ ਦੀ ਇਕ ਔਰਤ ਦੀ ਮੌਤ ਦਾ ਜ਼ਿਕਰ ਕੀਤਾ। ਇਹ ਘਟਨਾ, ਜਿਸ ਵਿੱਚ ਚਾਰ ਹੋਰ ਲੋਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ, ਚੋਣਾਂ ਨਾਲ ਸਬੰਧਤ ਹਿੰਸਾ ਦੇ ਸਿੱਧੇ ਨਤੀਜੇ ਵਜੋਂ ਵਾਪਰੀ। ਸ੍ਰੀ ਬਾਜਵਾ ਨੇ ਗੈਂਗਸਟਰਾਂ ਵੱਲੋਂ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਸਰਗਰਮੀ ਨਾਲ ਧਮਕਾਉਣ ਅਤੇ ਸਰਪੰਚ ਦੇ ਅਹੁਦੇ ਲਈ ਨਾਮਜ਼ਦਗੀਆਂ ਭਰਨ ਤੋਂ ਰੋਕਣ ਦੀਆਂ ਰਿਪੋਰਟਾਂ 'ਤੇ ਵੀ ਡੂੰਘੀ ਚਿੰਤਾ ਪ੍ਰਗਟਾਈ।

-----------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਮਾਪੇ ਅਤੇ ਅਧਿਆਪਕ ਆਪਸੀ ਸਹਿਯੋਗ ਨਾਲ ਨਸ਼ਿਆਂ ਨੂੰ ਠੱਲ੍ਹ ਪਾ ਸਕਦੇ ਨੇ। ਐਸ.ਐਸ.ਡੀ ਗਰਲਜ ਕਾਲਜ ਵਿਖੇ ਨਸ਼ਿਆਂ ਤੇ ਏਡਜ ਦੀ ਰੋਕਥਾਮ ਤੋਂ ਮੁਕਤੀ ਪਾਉਣ ਲਈ ਯੁਵਕ ਸੇਵਾਵਾਂ ਵਿਭਾਗ ਦੁਆਰਾ ਸ਼ੁਰੂ ਕੀਤੀ ਮੁਹਿੰਮ ਦੀ ਸ਼ੁਰੂਆਤ ਕਰਨ ਮੌਕੇ ਉਨ੍ਹਾਂ ਇਹ ਗੱਲ ਕਹੀ। ਡਿਪਟੀ ਕਮਿਸ਼ਨਰ ਨੇ ਵਿਭਾਗ ਵੱਲੋਂ ਕਰਵਾਏ ਸਮਾਗਮ ਦੀ ਸ਼ਲਾਘਾ ਕੀਤੀ। ਉਨ੍ਹਾਂ ਮਾਪਿਆਂ ਅਤੇ ਅਧਿਆਪਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਇੱਕ ਜਿੰਮੇਵਾਰ ਨਾਗਰਿਕ ਬਣਾਉਣ। ਉਹਨਾਂ ਕਿਹਾ ਕਿ ਬੱਚਿਆਂ ਨੂੰ ਪੈਸੇ ਦੀ ਅਹਿਮੀਅਤ ਬਾਰੇ ਜਾਣੂ ਕਰਵਾਉਣਾ ਵੀ ਅਜੌਕੇ ਸਮੇਂ ਦੀ ਮੁੱਖ ਲੋੜ ਏ। ਉਨਾਂ ਸਕੂਲਾਂ ਅਤੇ ਕਾਲਜਾਂ ਦੇ ਮੁਖੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਕੂਲਾਂ ਕਾਲਜਾਂ ਅੰਦਰ ਚਲਾਏ ਜਾ ਰਹੇ ਬਡੀਜ਼ ਗਰੁੱਪਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ 5 ਕਲੱਬਾਂ ਨੂੰ ਸਨਮਾਨਿਤ ਵੀ ਕੀਤਾ। ਇਸ ਤੋਂ ਇਲਾਵਾ ਸਮੂਹ ਕਲੱਬਾਂ ਨੂੰ 8-8 ਹਜਾਰ ਰੁਪਏ ਦੇ ਚੈੱਕ ਵੀ ਵੰਡੇ। ਇਸ ਮੌਕੇ ਜ਼ਿਲ੍ਹੇ ਦੇ 27 ਕਾਲਜਾਂ ਦੇ 50 ਕਲੱਬਾਂ ਦੇ ਲਗਭਗ 2500 ਮੈਂਬਰਾਂ ਨੇ ਸ਼ਮੂਲੀਅਤ ਕੀਤੀ।